# "Each One Bring One"

ਦਫ਼ਤਰ ਡਾਇਰੈਕਟਰ ਸਿੱਖਿਆ ਵਿਭਾਗ (ਐ.ਸਿ),ਪੰਜਾਬ,

ਬਲਾਕ-ਈ, ਛੇਵੀ ਮੰਜਿਲ, ਪੰਜਾਬ ਸਕੂਲ ਸਿੱਖਿਆ ਬੋਰਡ ਕੰਪ:,ਫੇਜ਼-8 ਐਸ.ਏ.ਐਸ ਨਗਰ, ਮੁਹਾਲੀ

---

ਵੱਲ

ਸਮੂਹ ਜ਼ਿਲ੍ਹਾ ਸਿੱਖਿਆ ਅਫਸਰ (ਐ.ਸਿੱ.)
ਪੰਜਾਬ।

ਮੀਮੋ ਨੰ:- SCERT/PPPP/2019385792 ਮਿਤੀ:- 13-11-2019

ਵਿਸ਼ਾ:-ਪ੍ਰੀ-ਪ੍ਰਾਇਮਰੀ ਜਮਾਤਾਂ ਲਈ 14 ਨਵੰਬਰ ਤੋਂ ਦਾਖ਼ਲਾ ਮੁਹਿੰਮ ਚਲਾਉਣ ਸਬੰਧੀ।

1.0 ਉਪਰੋਕਤ ਵਿਸ਼ੇ ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ ਜੀ।

2.0 ਆਪ ਜੀ ਨੂੰ ਪਤਾ ਹੀ ਹੈ ਕਿ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਰਾਜ ਦੇ ਸਮੂਹ ਪ੍ਰਾਇਮਰੀ ਸਕੂਲਾਂ ਅੰਦਰ ਪ੍ਰੀ-ਪ੍ਰਾਇਮਰੀ ਜਮਾਤਾਂ ਸਾਲ 2017 ਵਿੱਚ ਸ਼ੁਰੂ ਕੀਤੀਆਂ ਗਈਆਂ ਸਨ।ਪ੍ਰੀ-ਪ੍ਰਾਇਮਰੀ ਜਮਾਤਾਂ ਸ਼ੁਰੂ ਕਰਨ ਦਾ ਉਦੇਸ਼ ਤਿੰਨ ਤੋਂ ਛੇ ਸਾਲ ਦੇ ਬੱਚਿਆਂ ਨੂੰ ਪ੍ਰਾਇਮਰੀ ਸਿੱਖਿਆ ਗ੍ਰਹਿਣ ਕਰਨ ਲਈ ਤਿਆਰ ਕਰਨਾ ਅਤੇ ਉਹਨਾਂ ਦਾ ਸਰਵ-ਪੱਖੀ ਵਿਕਾਸ ਕਰਨਾ ਹੈ।

3.0 ਪ੍ਰੀ-ਪ੍ਰਾਇਮਰੀ ਜਮਾਤਾਂ ਦੇ ਦੋ ਸਾਲ ਪੂਰੇ ਹੋਣ 'ਤੇ ਅਤੇ ਨਵੇਂ ਸੈਸ਼ਨ ਵਿੱਚ ਬੱਚਿਆਂ ਦੇ ਦਾਖ਼ਲੇ ਲਈ 14-11-19 ਤੋਂ ਦਾਖ਼ਲਾ ਮੁਹਿੰਮ ਸ਼ੁਰੂ ਕਰਨ ਦਾ ਫੈਸਲਾ ਲਿਆ ਗਿਆ ਹੈ।

4.0 ਇਸ ਮੁਹਿੰਮ ਅਧੀਨ ਸਮੂਹ ਸਕੂਲਾਂ ਵੱਲੋਂ ਪ੍ਰੀ-ਪ੍ਰਾਇਮਰੀ ਜਮਾਤਾਂ ਵਿੱਚ ਦਾਖ਼ਲਾ ਕਰਨ ਸਬੰਧੀ ਤਿਆਰੀ ਤੁਰੰਤ ਸ਼ੁਰੂ ਕੀਤੀ ਜਾਵੇ।ਇਸ ਕੰਮ ਲਈ ਹੇਠ ਲਿਖੇ ਤਰੀਕਿਆਂ ਦੀ ਵਰਤੋਂ ਕੀਤੀ ਜਾ ਸਕਦੀ ਹੈ:

4.1 ਹਰ ਸਕੂਲ ਵੱਲੋਂ ਪਿੰਡ ਦੇ ਗੁਰਦੁਆਰਾ ਸਾਹਿਬ/ਮੰਦਰ ਤੋਂ ਪ੍ਰੀ-ਪ੍ਰਾਇਮਰੀ ਵਿੱਚ ਦਾਖ਼ਲਾ ਸ਼ੁਰੂ ਹੋਣ ਅਤੇ ਸਕੂਲਾਂ ਵਿੱਚ ਬੱਚਿਆਂ ਦੇ ਦਾਖ਼ਲੇ ਲਈ ਲਗਾਤਾਰ ਪ੍ਰਚਾਰ ਕਰਨ ਲਈ ਯਤਨ ਕੀਤੇ ਜਾਣ।

4.2 ਹਰ ਸਕੂਲ ਵੱਲੋਂ ਪ੍ਰੀ-ਪ੍ਰਾਇਮਰੀ ਜਮਾਤਾਂ ਵਿੱਚ ਦਾਖ਼ਲਾ ਸ਼ੁਰੂ ਹੋਣ ਬਾਰੇ ਪਿੰਡ/ਸ਼ਹਿਰ ਵਿੱਚ ਕਿਸੇ ਸਾਂਝੀ ਥਾਂ ਅਤੇ ਸਕੂਲ ਦੇ ਬਾਹਰ ਬੈਨਰ ਬਣਵਾਕੇ ਲਗਵਾਏ ਜਾਣ।

4.3 ਹਰ ਸਕੂਲ ਵੱਲੋਂ ਸਕੂਲ ਦੀ ਸਵੇਰ ਦੀ ਸਭਾ ਵਿੱਚ ਬੱਚਿਆਂ ਨੂੰ ਪ੍ਰੀ-ਪ੍ਰਾਇਮਰੀ ਜਮਾਤਾਂ ਦਾ ਦਾਖ਼ਲਾ ਸ਼ੁਰੂ ਹੋਣ ਬਾਰੇ ਜਾਣੂ ਕਰਵਾਇਆ ਜਾਵੇ, ਤਾਂ ਜੋ ਬੱਚੇ ਆਪਣੇ ਮਾਪਿਆਂ ਨਾਲ ਗੱਲ ਕਰਨ ਅਤੇ ਆਪਣੇ ਛੋਟੇ ਭੈਣ-ਭਰਾਵਾਂ, ਆਂਢ-ਗੁਆਂਢ ਦੇ ਇਸ ਉਮਰ ਦੇ ਬੱਚਿਆਂ ਨੂੰ ਸਕੂਲ ਲਿਆਉਣ ਲਈ ਪ੍ਰੇਰਿਤ ਕਰ ਸਕਣ।

4.4 ਹਰ ਸਕੂਲ ਵੱਲੋਂ ਪਿੰਡ ਵਿੱਚ ਸਥਿਤ ਆਂਗਨਵਾੜੀ ਵਰਕਰਾਂ ਦੀ ਮਦਦ ਲੈ ਕੇ ਪਿੰਡ ਵਿੱਚ ਘਰ-ਘਰ ਜਾ ਕੇ ਸਰਵੇ ਕਰਦੇ ਹੋਏ ਬੱਚਿਆਂ ਦੀ ਸ਼ਨਾਖਤ ਕੀਤੀ ਜਾਵੇ ਅਤੇ ਦਾਖ਼ਲ ਹੋਣ ਯੋਗ ਬੱਚਿਆਂ ਦੇ ਮਾਂ-ਬਾਪ ਨੂੰ ਬੱਚੇ ਸਰਕਾਰੀ ਸਕੂਲ ਵਿੱਚ ਦਾਖ਼ਲ ਕਰਵਾਉਣ ਲਈ ਪ੍ਰੇਰਿਤ ਕੀਤਾ ਜਾਵੇ।

4.5 ਪਿੰਡ/ਸ਼ਹਿਰ ਦੇ ਲੋਕਾਂ ਨੂੰ ਪ੍ਰੀ-ਪ੍ਰਾਇਮਰੀ ਬਾਰੇ ਜਾਗਰੂਕ ਕਰਨ ਦੇ ਨਾਲ-ਨਾਲ ਪ੍ਰੀ-ਪ੍ਰਾਇਮਰੀ ਅਤੇ ਪ੍ਰਾਇਮਰੀ ਵਿੱਚ ਦਾਖ਼ਲ ਬੱਚਿਆਂ ਨੂੰ ਕੁਝ ਗਤੀਵਿਧੀਆਂ ਤਿਆਰ ਕਰਵਾਈਆਂ ਜਾਣ ਅਤੇ ਪਿੰਡ/ਸ਼ਹਿਰ ਵਿੱਚ ਇੱਕ ਸਾਂਝੀ ਥਾਂ ਨਿਸ਼ਚਿਤ ਕੀਤੀ ਜਾਵੇ ਜਿਥੇ ਸਿਖਾਏ ਗਏ ਬਾਲ ਗੀਤ ਜਾਂ ਹੋਰ ਗਤੀਵਿਧੀਆਂ ਬੱਚਿਆਂ ਵੱਲੋਂ ਕਰ ਕੇ ਦਿਖਾਈਆਂ ਜਾ ਸਕਣ।

5.0 ਸਕੂਲ ਵੱਲੋਂ ਪਿੰਡ ਦੇ ਪਤਵੰਤੇ ਸੱਜਣਾ ਅਤੇ ਬੱਚਿਆਂ ਦੇ ਮਾਂ-ਬਾਪ ਨੂੰ ਪ੍ਰੀ-ਪ੍ਰਾਇਮਰੀ ਜਮਾਤ ਵਿੱਚ ਆਉਣ ਅਤੇ ਜਮਾਤ ਵਿੱਚ ਕਰਵਾਈਆਂ ਜਾਂਦੀਆਂ ਗਤੀਵਿਧੀਆਂ ਨੂੰ ਦੇਖਣ ਲਈ ਅਤੇ ਨਵੇਂ ਬੱਚਿਆਂ ਨੂੰ ਪ੍ਰੀ-ਪ੍ਰਾਇਮਰੀ ਜਮਾਤ ਵਿੱਚ ਦਾਖ਼ਲ ਕਰਵਾਉਣ ਲਈ ਪ੍ਰੇਰਿਤ ਕਰਨ ਲਈ ਸੱਦਾ ਦਿੱਤਾ ਜਾਵੇ।

6.0 ਪ੍ਰੀ-ਪ੍ਰਾਇਮਰੀ ਜਮਾਤਾਂ ਵਿੱਚ ਦਾਖ਼ਲੇ ਲਈ ਸਕੂਲ ਵੱਲੋਂ ਪਿੰਡ ਵਾਸੀਆਂ, ਸਕੂਲ ਮੈਨੇਜਮੈਂਟ ਕਮੇਟੀ, ਆਂਗਣਵਾੜੀ ਵਰਕਰਾਂ ਦਾ ਸਹਿਯੋਗ ਲਿਆ ਜਾਵੇ।

7.0 ਇਸ ਪ੍ਰੋਗਰਾਮ ਵਿੱਚ ਪਹੁੰਚਣ ਵਾਲੇ ਪਿੰਡ ਦੇ ਲੋਕਾਂ, ਪੰਚਾਇਤ ਮੈਂਬਰਾਂ, ਸਰਪੰਚ, ਸਕੂਲ ਦੀ ਸਕੂਲ ਮੈਨੇਜਮੈਂਟ ਕਮੇਟੀ ਦੇ ਮੈਂਬਰ ਆਦਿ ਨੂੰ ਪ੍ਰੀ-ਪ੍ਰਾਇਮਰੀ ਜਮਾਤ ਦਾ ਕਮਰਾ ਵਿਜ਼ਟ ਕਰਨ ਲਈ

ਬੇਨਤੀ ਕੀਤੀ ਜਾਵੇ ਤਾਂ ਜੋ ਪ੍ਰੀ-ਪ੍ਰਾਇਮਰੀ ਜਮਾਤ ਦੇ ਕਮਰੇ ਦੀ ਦਿਖ ਅਤੇ ਵਿਵਸਥਾ ਤੋਂ ਜਾਣੂ ਹੋ ਸਕਣ।

8.0 ਸੈਂਟਰ ਹੈੱਡ ਟੀਚਰ ਅਤੇ ਪੜ੍ਹੋ ਪੰਜਾਬ, ਪੜ੍ਹਾਓ ਪੰਜਾਬ (ਪ੍ਰਾਇਮਰੀ) ਟੀਮ ਸਮੂਹ ਸਕੂਲਾਂ ਵਿੱਚ ਇਸ ਮੁਹਿੰਮ 'ਤੇ ਖੁਦ ਕੰਮ ਕਰੇਗੀ ਅਤੇ ਵੱਧ ਤੋਂ ਵੱਧ ਦਾਖ਼ਲਾ ਕਰਵਾਉਣ ਲਈ ਸਕੂਲਾਂ ਦੇ ਅਧਿਆਪਕਾਂ ਦੀ ਮਦਦ ਕਰੇਗੀ।

9.0 ਸਕੂਲਾਂ ਵਿੱਚ ਨਵੇਂ ਦਾਖ਼ਲ ਕੀਤੇ ਬੱਚਿਆਂ ਦਾ ਨਾਮ ਸਕੂਲ ਦੇ ਰਜਿਸਟਰ ਵਿੱਚ ਦਰਜ ਕਰਨ ਦੇ ਨਾਲ-ਨਾਲ ਆਂਗਣਵਾੜੀ ਸੈਂਟਰ ਵਿੱਚ ਮੌਜੂਦ ਰਜਿਸਟਰ ਵਿੱਚ ਵੀ ਦਰਜ ਕਰਵਾਇਆ ਜਾਵੇ।

10.0 ਮੁੱਖ ਦਫ਼ਤਰ ਵੱਲੋਂ ਇਹ ਫੈਸਲਾ ਲਿਆ ਗਿਆ ਹੈ ਕਿ ਹਰ ਕਲੱਸਟਰ, ਬਲਾਕ, ਜ਼ਿਲ੍ਹੇ ਅਤੇ ਸਟੇਟ ਪੱਧਰ 'ਤੇ ਸਭ ਤੋਂ ਵੱਧ ਦਾਖ਼ਲਾ ਕਰਵਾਉਣ ਵਾਲੇ ਅਧਿਆਪਕ/ਅਧਿਕਾਰੀਆਂ ਨੂੰ "ਸਰਵਉੱਤਮ ਮੋਬਲਾਈਜ਼ਰ" ਵਜੋਂ ਸਨਮਾਨਿਤ ਕੀਤਾ ਜਾਵੇਗਾ।

11.0 ਹੁਕਮਾਂ ਦੀ ਇੰਨ-ਬਿੰਨ ਪਾਲਣਾ ਕੀਤੀ ਜਾਵੇ।

ਡਾਇਰੈਕਟਰ ਸਿੱਖਿਆ ਵਿਭਾਗ (ਐ.ਸਿੱ), ਪੰਜਾਬ।

ਪਿੱਠ ਅੰਕਣ ਨੰ: ਮਿਤੀ:

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਹਿੱਤ ਭੇਜਿਆ ਜਾਂਦਾ ਹੈ:

1. ਪੀ.ਏ ਟੂ ਮਾਣਯੋਗ ਸਕੱਤਰ ਸਕੂਲ ਸਿੱਖਿਆ।
2. ਪੀ.ਏ ਟੂ ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ।
3. ਡਾਇਰੈਕਟਰ ਐੱਸ.ਸੀ.ਈ.ਆਰ.ਟੀ, ਪੰਜਾਬ।

ਡਾਇਰੈਕਟਰ ਸਿੱਖਿਆ ਵਿਭਾਗ (ਐ.ਸਿੱ), ਪੰਜਾਬ।